# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :04-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ - ਮਨਰੇਗਾ ਭ੍ਰਿਸ਼ਟਾਚਾਰ ਦਾ ਦੂਜਾ ਨਾਂ ਬਣ ਗਿਆ ਸੀ, ਜਿੱਥੇ ਮਜ਼ਦੂਰਾਂ ਦਾ ਅਕਸਰ ਸ਼ੋਸ਼ਣ ਕੀਤਾ ਜਾਂਦਾ ਸੀ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ - 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਹੁਣ ਤੱਕ ਕਰੀਬ 20 ਹਜ਼ਾਰ ਨੌਜਵਾਨਾਂ ਨੂੰ ਨਸ਼ਿਆਂ ਦੀ ਗ੍ਰਿਫ਼ਤ ਤੋਂ ਮੁਕਤ ਕਰਵਾਇਆ ਗਿਆ ਏ ।

- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁੰਮ ਹੋਏ 328 ਪਾਵਨ ਸਰੂਪਾਂ ਦੇ ਮਾਮਲੇ ਵਿਚ, ਵਿਸ਼ੇਸ਼ ਜਾਂਚ ਟੀਮ ਨੇ ਦੋ ਵਿਅਕਤੀਆਂ ਨੂੰ ਕੀਤਾ ਗ੍ਰਿਫ਼ਤਾਰ ।

- ਸਮਾਣਾ ਪੁਲਿਸ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਿੰਡ ਮੁਰਾਦਪੁਰ ਵਿਚ ਦੋ ਨਸ਼ਾ ਤਸਕਰਾਂ ਵੱਲੋਂ ਨਜਾਇਜ਼ ਉਸਾਰੀ ਨੂੰ ਢਾਹਿਆ।

## *ਹੁਣ ਖਬਰਾਂ ਵਿਸਥਾਰ ਨਾਲ*

ਦਿਹਾਤੀ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਮਨਰੇਗਾ, ਭ੍ਰਿਸ਼ਟਾਚਾਰ ਦਾ ਦੂਜਾ ਨਾਂ ਬਣ ਗਿਆ ਏ, ਜਿੱਥੇ ਮਜ਼ਦੂਰਾਂ ਨੂੰ ਅਕਸਰ ਪਾਸੇ ਕਰ ਦਿੱਤਾ ਜਾਂਦਾ ਸੀ ਅਤੇ ਓਹਨਾਂ ਦਾ ਲਗਾਤਾਰ ਸ਼ੋਸ਼ਣ ਕੀਤਾ ਜਾਂਦਾ ਸੀ। ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸ਼੍ਰੀ ਚੌਹਾਨ ਨੇ ਕਾਂਗਰਸ 'ਤੇ ਨਵੇਂ ਲਾਗੂ ਕੀਤੇ ਗਏ ਵਿਕਸਿਤ ਭਾਰਤ ਰੁਜ਼ਗਾਰ ਅਤੇ ਆਜੀਵਿਕਾ ਗਰੰਟੀ ਮਿਸ਼ਨ - ਗ੍ਰਾਮੀਣ (ਜੀ-ਰਾਮ-ਜੀ) ਕਾਨੂੰਨ 'ਤੇ ਜਨਤਾ ਨੂੰ ਕਥਿਤ ਤੌਰ 'ਤੇ ਗੁੰਮਰਾਹ ਕਰਨ ਦਾ ਇਲ੍ਜ਼ਾਮ ਲਾਇਆ-

byte

ਸ਼੍ਰੀ ਚੌਹਾਨ ਨੇ ਕਿਹਾ ਕਿ ਬਹੁਤ ਵੱਡਾ ਬਜਟ ਹੋਣ ਦੇ ਬਾਵਜੂਦ, ਮਨਰੇਗਾ ਨੇ ਪਿੰਡਾਂ ਦੇ ਸਥਾਈ ਸੰਪਤੀ ਨਿਰਮਾਣ ਜਾਂ ਲੰਮੇ ਸਮੇਂ ਦੇ ਵਿਕਾਸ ਦੀ ਅਗਵਾਈ ਨਹੀਂ ਕੀਤੀ। ਪਿਛਲੇ ਕਾਨੂੰਨ ਦੀਆਂ ਕਮੀਆਂ ਨੂੰ ਉਜਾਗਰ ਕਰਦੇ ਹੋਏ, ਮੰਤਰੀ ਨੇ ਕਿਹਾ ਕਿ ਵਿਕਸਿਤ ਭਾਰਤ ਜੀ-ਰਾਮ-ਜੀ ਮਜ਼ਦੂਰਾਂ, ਦੇ ਹਿੱਤਾਂ ਦੀ ਰੱਖਿਆ ਕਰਦਾ ਏ। ਉਨ੍ਹਾਂ ਕਿਹਾ ਕਿ ਵਧੀ ਹੋਈ ਤਨਖਾਹ ਅਤੇ ਬੇਰੁਜ਼ਗਾਰੀ ਉਜਰਤ, ਦੇਰੀ ਨਾਲ ਅਦਾਇਗੀ 'ਤੇ ਵਿਆਜ, ਅਤੇ ਪਹਿਲਾਂ ਦੇ 100 ਦਿਨਾਂ ਤੋਂ 125 ਦਿਨਾਂ ਦੀ ਰੁਜ਼ਗਾਰ ਗਰੰਟੀ ਦੇ ਪ੍ਰਬੰਧ, ਇਹ ਯਕੀਨੀ ਬਣਾਉਂਦੇ ਨੇ ਕਿ ਮਜ਼ਦੂਰ ਨਾ ਸਿਰਫ਼ ਬਿਹਤਰ ਸਥਿਤੀ ‘ਚ ਰਹਿਣ ਸਗੋਂ ਉਹ ਆਪਣੇ ਪਿੰਡਾਂ ਵਿੱਚ ਸਾਰਥਕ ਯੋਗਦਾਨ ਵੀ ਲਿਆਉਣ।

--------------------------------------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਹੁਣ ਤੱਕ ਕਰੀਬ 20,000 ਨੌਜਵਾਨਾਂ ਨੂੰ ਨਸ਼ਿਆਂ ਦੀ ਗ੍ਰਿਫ਼ਤ ਤੋਂ ਮੁਕਤ ਕਰਵਾਇਆ ਜਾ ਚੁੱਕਾ ਏ। ਮੋਹਾਲੀ ਵਿਖੇ ਪੰਚਾਇਤ ਵਿਭਾਗ ਦੇ ਕਰਮਚਾਰੀਆਂ ਲਈ ਕਰਵਾਈ ਗਈ ‘ਯੁੱਧ ਨਸ਼ਿਆਂ ਵਿਰੁੱਧ’ ਟ੍ਰੇਨਿੰਗ ਵਰਕਸ਼ਾਪ ਦੀ ਪ੍ਰਧਾਨਗੀ ਕਰਦੇ ਹੋਏ ਡਾ. ਬਲਬੀਰ ਸਿੰਘ ਨੇ ਦੱਸਿਆ

ਕਿ ਸੂਬੇ ਦੇ ਕਈ ਇਲਾਕਿਆਂ ਵਿੱਚ ਸਥਿਤ ਨਸ਼ਾ ਮੁਕਤੀ ਕੇਂਦਰਾਂ ਵਿੱਚ ਹੁਣ ਨਵੇਂ ਮਾਮਲੇ ਨਹੀਂ ਆ ਰਹੇ, ਜੋ ਇਸ ਮੁਹਿੰਮ ਦੀ ਸਫਲਤਾ ਨੂੰ ਦਰਸਾਉਂਦਾ ਏ।

BYTE

ਸਿਹਤ ਮੰਤਰੀ ਨੇ ਕਿਹਾ ਕਿ ਪਹਿਲੇ ਗੇੜ ਦੀ ਵੱਡੀ ਸਫਲਤਾ ਤੋਂ ਉਤਸ਼ਾਹਿਤ ਹੋ ਕੇ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਦਾ ਦੂਜਾ ਗੇੜ ਸ਼ੁਰੂ ਕੀਤਾ ਜਾ ਰਿਹਾ ਏ ਜਿਸ ਦਾ ਮੁੱਖ ਮਕਸਦ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਏ। ਇਸ ਦੌਰਾਨ ਨਸ਼ਾ ਰੋਕਥਾਮ ਦੇ ਨਾਲ-ਨਾਲ ਸੁਧਾਰ ਅਤੇ ਮੁੜ ਵਸੇਬੇ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਨਸ਼ਿਆਂ ਤੋਂ ਮੁਕਤ ਹੋ ਚੁੱਕੇ ਨੌਜਵਾਨਾਂ ਨੂੰ ਸਮਾਜ ਵਿੱਚ ਰੋਲ ਮਾਡਲ ਵਜੋਂ ਪੇਸ਼ ਕੀਤਾ ਜਾਵੇਗਾ, ਤਾਂ ਜੋ ਹੋਰ ਨੌਜਵਾਨਾਂ ਨੂੰ ਵੀ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਪਿੰਡ ਪੱਧਰ 'ਤੇ ਪੰਚਾਇਤਾਂ ਅਤੇ ਸਰਕਾਰੀ ਕਰਮਚਾਰੀਆਂ ਦੀ ਭੂਮਿਕਾ ਬਹੁਤ ਅਹਿਮ ਏ ਅਤੇ ਉਹ ਨਸ਼ਿਆਂ ਵਿਰੁੱਧ ਇਸ ਲੜਾਈ ਵਿੱਚ ਸਰਕਾਰ ਦੇ ਸਹਿਯੋਗੀ ਬਣਨ। ਡਾ. ਬਲਬੀਰ ਸਿੰਘ ਨੇ ਦੁਹਰਾਇਆ ਕਿ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਮੁਹਿੰਮ ਨਹੀਂ, ਸਗੋਂ ਲੋਕ ਅੰਦੋਲਨ ਏ , ਜਿਸ ਦਾ ਮਕਸਦ ਪੰਜਾਬ ਦੇ ਨੌਜਵਾਨਾਂ ਦਾ ਭਵਿੱਖ ਸੁਰੱਖਿਅਤ ਕਰਨਾ ਏ।

--------------------------------------------------------------------

ਪੰਜਾਬ ਸਰਕਾਰ ਨੇ ਨਸ਼ਾ ਮੁਕਤ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ ਲਈ ਕੁੱਲ 467 ਲੱਖ 49 ਹਜ਼ਾਰ ਰੁਪਏ ਖਰਚ ਕੀਤੇ ਨੇ। ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਦੇ ਖ਼ਿਲਾਫ਼ ਜਾਗਰੂਕਤਾ ਪੈਦਾ ਕਰਨ, ਲੋਕਾਂ ਨੂੰ ਸੰਵੇਦਨਸ਼ੀਲ ਬਣਾਉਣ ਅਤੇ ਸਮਾਜਿਕ ਭਾਗੀਦਾਰੀ ਨੂੰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵੱਲੋਂ ਆਪਸੀ ਤਾਲਮੇਲ ਨਾਲ ਯੋਜਨਾਬੰਦੀ ਤਹਿਤ ਕਈ ਕਾਰਜਕ੍ਰਮ ਉਲੀਕੇ ਗਏ ਹਨ। ਉਨ੍ਹਾਂ ਕਿਹਾ ਕਿ ਖ਼ਾਸ ਤੌਰ ’ਤੇ ਬੱਚਿਆਂ ਅਤੇ ਅਧਿਆਪਕਾਂ ਨੂੰ ਨਸ਼ਾ ਮੁਕਤੀ ਮੁਹਿੰਮ ਬਾਰੇ ਜਾਗਰੂਕ ਕਰਨ ਲਈ ਸਕੂਲਾਂ ਅਤੇ ਸਿੱਖਿਆ ਸੰਸਥਾਵਾਂ ਵਿੱਚ ਵੱਖ-ਵੱਖ ਜਾਗਰੂਕਤਾ ਪ੍ਰੋਗਰਾਮ ਤਿਆਰ ਕਰਕੇ ਲਾਗੂ ਕੀਤੇ ਗਏ ਹਨ, ਜਿਨ੍ਹਾਂ ਲਈ ਵਿੱਤੀ ਸਰੋਤ ਵੀ ਮੁਹੱਈਆ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਨਸ਼ਾ ਮੁਕਤ ਮੁਹਿੰਮ ਤਹਿਤ 107 ਲਖ 22 ਹਜ਼ਾਰ ਰੁਪਏ, ਸੂਚਨਾ ਤੇ ਲੋਕ ਸੰਪਰਕ ਵਿਭਾਗ ਵੱਲੋਂ ਵਿਆਪਕ ਜਨ-ਜਾਗਰੂਕਤਾ ਗਤੀਵਿਧੀਆਂ ਲਈ 202 ਲਖ 99 ਹਜ਼ਾਰ ਰੁਪਏ, ਜਦਕਿ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਜਾਗਰੂਕਤਾ

ਕੈਂਪ ਲਗਾਉਣ ਲਈ 109 ਲਖ 12 ਹਜ਼ਾਰ ਰੁਪਏ ਖਰਚ ਕੀਤੇ ਗਏ ਹਨ।

---------------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਭਾਰਤ ਦਾ ਚੌਲਾਂ ਦਾ ਉਤਪਾਦਨ ਸਾਲ 2025 ਵਿੱਚ 150 ਲਖ ਟਨ ਤੋਂ ਵੱਧ ਰਿਹਾ ਏ । ਭਾਰਤੀ ਖੇਤੀਬਾੜੀ ਖੋਜ ਕੌਂਸਲ ਵਲੋਂ ਵਿਕਸਤ ਕੀਤੀਆਂ ਗਈਆਂ ਬਿਹਤਰ ਗੁਣਵੱਤਾ ਵਾਲੀਆਂ 25 ਫਸਲਾਂ ਦੀਆਂ 184 ਨਵੀਆਂ ਕਿਸਮਾਂ ਦੇ ਉਦਘਾਟਨ ਮੌਕੇ ਬੋਲਦਿਆਂ ਚੌਹਾਨ ਨੇ ਕਿਹਾ ।

BYTE

ਉਨ੍ਹਾਂ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ, 3 ਹਜ਼ਾਰ 200 ਤੋਂ ਵੱਧ ਬੀਜ ਕਿਸਮਾਂ ਵਿਕਸਤ ਕੀਤੀਆਂ ਗਈਆਂ ਹਨ। ਚੌਹਾਨ ਨੇ ਇਹ ਵੀ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਉਣ ਲਈ ਕੰਮ ਕਰ ਰਹੀ ਏ ਕਿ ਵੱਖ-ਵੱਖ ਯੋਜਨਾਵਾਂ ਦੇ ਲਾਭ ਤਿੰਨ ਸਾਲਾਂ ਦੇ ਅੰਦਰ ਦੇਸ਼ ਭਰ ਦੇ ਕਿਸਾਨਾਂ ਤੱਕ ਪਹੁੰਚਣ।

---------------------------------------------------------------------

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁੰਮ ਹੋਏ 328 ਸਰੂਪਾਂ ਦੇ ਮਾਮਲੇ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ SIT ਨੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ । ਇਸ ਕਾਰਵਾਈ ਦੌਰਾਨ 14 ਥਾਵਾਂ ’ਤੇ ਤਲਾਸ਼ੀ

ਮੁਹਿੰਮ ਚਲਾਈ ਗਈ I ਟੀਮ ਨੇ ਮੋਬਾਈਲ ਉਪਕਰਣ, ਟੈਬਲੇਟ, ਕੰਪਿਊਟਰ ਅਤੇ ਸਹਾਇਕ ਉਪਕਰਣ, ਸਟੋਰੇਜ ਡਿਵਾਈਸ ਅਤੇ ਅਪਰਾਧਕ ਵਿੱਤੀ ਰਿਕਾਰਡ ਅਤੇ ਦਸਤਾਵੇਜ਼ ਵੀ ਜ਼ਬਤ ਕੀਤੇ ਨੇ । SIT ਬੁਲਾਰੇ ਦੇ ਅਨੁਸਾਰ, ਮਾਮਲੇ ਵਿੱਚ ਕੁੱਲ 16 ਵਿਅਕਤੀਆਂ ਦੇ ਨਾਮ ਸ਼ਾਮਲ ਨੇ । ਉਨ੍ਹਾਂ ਕਿਹਾ ਕਿ 2 ਮੁਲਜ਼ਮਾਂ ਦੀ ਕਥਿਤ ਤੌਰ 'ਤੇ ਮੌਤ ਹੋ ਗਈ ਏ ਅਤੇ 14 ਵਿਅਕਤੀਆਂ ਦੀ ਜਾਂਚ ਚੱਲ ਰਹੀ ਏ । ਉਨ੍ਹਾਂ ਕਿਹਾ ਕਿ ਕੰਵਲਜੀਤ ਸਿੰਘ ਨੂੰ ਕੱਲ੍ਹ ਗ੍ਰਿਫ਼ਤਾਰ ਕੀਤਾ ਗਿਆ ਏ ਜਦੋਂ ਕਿ ਇੱਕ ਸਤਿੰਦਰ ਸਿੰਘ ਕੋਹਲੀ ਨੂੰ ਪਹਿਲਾਂ ਗ੍ਰਿਫ਼ਤਾਰ ਕੀਤਾ ਗਿਆ ਸੀ। ਬੁਲਾਰੇ ਨੇ ਕਿਹਾ ਕਿ ਪੰਜਾਬ ਅਤੇ ਚੰਡੀਗੜ੍ਹ ਵਿੱਚ 14 ਥਾਵਾਂ 'ਤੇ ਤਲਾਸ਼ੀ ਮੁਹਿੰਮ ਚਲਾਈ ਗਈ ਏ , ਜਿਸ ਵਿੱਚ ਚੰਡੀਗੜ੍ਹ ਵਿੱਚ 2 ਥਾਵਾਂ, ਅੰਮ੍ਰਿਤਸਰ ਸ਼ਹਿਰ ਵਿੱਚ 8 ਥਾਵਾਂ ਅਤੇ ਗੁਰਦਾਸਪੁਰ, ਰੋਪੜ, ਤਰਨਤਾਰਨ ਅਤੇ ਅੰਮ੍ਰਿਤਸਰ ਦਿਹਾਤੀ ਵਿੱਚ 1-1 ਥਾਵ ਸ਼ਾਮਲ ਏ । ਅਗਲੇਰੀ ਜਾਂਚ ਜਾਰੀ ਏ ।

---

ਪੰਜਾਬ ਸਰਕਾਰ ਵੱਲੋਂ ਅਰੰਭੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅੱਜ ਸਮਾਣਾ ਦੇ ਪਿੰਡ ਮੁਰਾਦਪੁਰ ਵਿਖੇ ਦੋ ਨਸ਼ਾ ਤਸਕਰਾਂ ਵੱਲੋਂ ਨਸ਼ਿਆਂ ਦੀ ਕਾਲੀ ਕਮਾਈ ਨਾਲ ਪਿੰਡ ਦੀ ਪੰਚਾਇਤੀ ਜ਼ਮੀਨ ਉਪਰ ਕੀਤੀ ਗਈ ਨਜਾਇਜ਼ ਉਸਾਰੀ ਨੂੰ ਪੁਲਿਸ ਸੁਰੱਖਿਆ ਦੀ ਮੌਜੂਦਗੀ ਵਿੱਚ ਸਬੰਧਤ

ਵਿਭਾਗ ਵੱਲੋਂ ਢਾਹਿਆ  ਗਿਆ। ਇਸ ਕਾਰਵਾਈ ਦੀ ਅਗਵਾਈ ਕਰਨ ਵਾਲੇ ਪੁਲਿਸ ਕਪਤਾਨ ਵੈਭਵ ਚੌਧਰੀ ਨੇ ਦੱਸਿਆ ਕਿ ਜਿਨ੍ਹਾਂ ਨਸ਼ਾ ਤਸਕਰਾਂ ਦੀ ਨਜਾਇਜ ਉਸਾਰੀ ਢਾਹੀ ਗਈ ਏ  ਉਨ੍ਹਾਂ ਵਿਰੁੱਧ ਨਸ਼ਾ ਤਸਕਰੀ ਦੇ ਕਈ ਮਾਮਲੇ ਦਰਜ ਨੇ । ਉਨ੍ਹਾਂ ਨੇ ਦੱਸਿਆ ਕਿ  ।

BYTE

ਇਸੇ ਦੌਰਾਨ ਪਿੰਡ ਵਾਸੀਆਂ ਨੇ ਪੁਲਿਸ ਕਾਰਵਾਈ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੁਲਿਸ ਵੱਲੋਂ ਸਖ਼ਤ ਕਦਮ ਚੁੱਕੇ ਜਾਣ ਕਾਰਨ ਨਸ਼ਾ ਤਸਕਰਾਂ ਵਿੱਚ ਡਰ ਦਾ ਮਾਹੌਲ ਪਾਇਆ ਜਾ ਰਿਹਾ ਏ  ਜਿਸ ਸਦਕਾ ਉਨ੍ਹਾਂ ਨੂੰ ਉਮੀਦ ਏ ਕਿ ਯੁੱਧ ਨਸ਼ਿਆਂ ਵਿਰੁੱਧ ਤਹਿਤ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਡੱਕਿਆ ਜਾਵੇਗਾ।

---

ਪੰਜਾਬ ਸਰਕਾਰ, ਭਵਿੱਖ ਦੀਆਂ ਪੀੜ੍ਹੀਆਂ ਦੀ ਸਿਹਤ ਦੀ ਰਾਖੀ ਲਈ ਮਾਵਾਂ ਦੀ ਸਿਹਤ ਸੰਭਾਲ ਨੂੰ ਤਰਜੀਹੀ ਦੇ ਰਹੀ ਏ I ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦਸਿਆ ਕਿ ਆਮ ਆਦਮੀ ਕਲੀਨਿਕ ਗਰਭਵਤੀ ਮਾਵਾਂ ਲਈ ਨਵੀਂ ਜੀਵਨ ਰੇਖਾ ਵਜੋਂ ਉੱਭਰ ਰਹੇ ਨੇ । ਇੱਕ ਵਿਸ਼ੇਸ਼, ਪ੍ਰੋਟੋਕੋਲ-ਸੰਚਾਲਿਤ ਗਰਭ ਅਵਸਥਾ ਦੇਖਭਾਲ ਮਾਡਲ ਸ਼ੁਰੂ ਕਰਨ ਦੇ ਸਿਰਫ਼ ਚਾਰ ਮਹੀਨਿਆਂ ਦੇ ਅੰਦਰ, ਰਾਜ ਨੇ ਸੇਵਾ ਦੀ ਵਰਤੋਂ ਵਿੱਚ ਭਾਰੀ ਵਾਧਾ ਦਰਜ ਕੀਤਾ ਏ I

ਉਨ੍ਹਾ ਦਸਿਆ ਕਿ ਲਗਭਗ 20,000 ਗਰਭਵਤੀ ਔਰਤਾਂ ਹਰ ਮਹੀਨੇ ਇਨ੍ਹਾਂ ਕਲੀਨਿਕਾਂ ਤੋਂ ਸੇਵਾਵਾਂ ਲੈਂਦੀਆਂ ਨੇ ਹਨ। ਡਾ. ਬਲਬੀਰ ਸਿੰਘ ਨੇ ਖੁਲਾਸਾ ਕੀਤਾ ਕਿ ਪ੍ਰੋਗਰਾਮ ਪਹਿਲਾਂ ਹੀ ਇੱਕ ਵਿਲੱਖਣ ਰੈਫਰਲ ਸਿਸਟਮ ਰਾਹੀਂ 10 ਹਜ਼ਾਰ ਤੋਂ ਵੱਧ ਔਰਤਾਂ ਨੂੰ ਮੁਫਤ ਅਲਟਰਾਸਾਊਂਡ ਸੇਵਾਵਾਂ ਪ੍ਰਦਾਨ ਕਰ ਚੁੱਕਾ ਏ। ਲਗਭਗ 500 ਨਿੱਜੀ ਡਾਇਗਨੋਸਟਿਕ ਸੈਂਟਰਾਂ ਨੂੰ ਸੂਚੀਬੱਧ ਕਰਕੇ, ਸਰਕਾਰ ਨੇ ਔਰਤਾਂ ਦੀ ਸਕੈਨ ਤੱਕ ਪਹੁੰਚ ਯਕੀਨੀ ਬਣਾਈ ਏ। ਅਧਿਕਾਰਤ ਅੰਕੜੇ ਦਰਸਾਉਂਦੇ ਨੇ ਕਿ ਪੰਜਾਬ ਵਿੱਚ 70 ਫੀਸਦੀ ਤੋਂ ਘੱਟ ਗਰਭਵਤੀ ਔਰਤਾਂ ਨੇ ਆਪਣਾ ਪਹਿਲਾ ਜਨਮ ਤੋਂ ਪਹਿਲਾਂ ਦਾ ਚੈੱਕਅੱਪ ਕਰਵਾਇਆ ਸੀ ।

------------------------------------------------------------------------

ਤਰਨਤਾਰਨ ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਵਿਭਾਗ ਵਲੋਂ ਫੌਜ ਸਮੇਤ ਹੋਰਨਹਥਿਆਰਬੰਦ ਸੈਨਾਵਾਂ ਵਿੱਚ ਭਰਤੀ ਹੋਣ ਲਈ ਪ੍ਰੀ-ਰਿਕਰੂਟਮੈਂਟ ਕੋਰਸ ਕੱਲ੍ਹ ਜਨਵਰੀ ਤੋਂ ਸ਼ੁਰੂ ਕੀਤਾ ਜਾ ਰਿਹਾ ਏ। ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਸੇਵਾਮੁਕਤ ਗਰੁਪ ਕੈਪਟਨ ਦਵਿੰਦਰ ਸਿੰਘ ਢਿੱਲੋਂ ਨੇ ਦੱਸਿਆ ਏ ਕਿ ਇਸ ਕੋਰਸ ਵਿੱਚ ਸਾਬਕਾ ਸੈਨਿਕਾਂ, ਸੈਨਿਕ ਵਿਧਵਾਵਾਂ ਅਤੇ ਵੀਰ ਨਾਰੀਆਂ, ਸੇਵਾ ਕਰ ਰਹੇ ਸੈਨਿਕਾਂ ਅਤੇ ਸਿਵਲੀਅਨ ਦੇ ਬੱਚਿਆਂ ਦੇ ਉਜਵੱਲ ਭਵਿੱਖ ਨੂੰ ਮੁੱਖ ਰੱਖਦਿਆਂ ਭਰਤੀ ਹੋਣ ਵਾਸਤੇ ਸਰੀਰਕ ਯੋਗਤਾ ਅਤੇ ਲਿਖਤੀ ਇਮਤਿਹਾਨ ਦੀ ਤਿਆਰੀ

ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਚਾਹਵਾਨ ਨੌਜਵਾਨ ਆਪਣੇ ਜ਼ਰੂਰੀ ਕਾਗਜਾਤ ਨਾਲ ਲੈ ਕੇ ਮੁੱਢਲੀ ਜਾਂਚ ਲਈ ਇਸ ਦਫਤਰ ਵਿਖੇ ਤੁਰੰਤ ਰਿਪੋਰਟ ਕਰਨ। ਇਹ ਕੋਰਸ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ, ਅੰਮ੍ਰਿਤਸਰ ਰੋਡ ਤਰਨ ਤਾਰਨ ਵਿਖੇ ਚਲਾਇਆ ਜਾ ਰਿਹਾ ਏ

---------------------------------------------------------------------------

"ਪ੍ਰਧਾਨ ਮੰਤਰੀ ਅਵਾਸ ਯੋਜਨਾ" ਤਹਿਤ ਕੱਚੇ ਮਕਾਨਾਂ ਨੂੰ ਪੱਕੇ ਕਰਨ ਦੀ ਸਕੀਮ 'ਚ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵੱਲੋਂ 84 ਲਾਭਪਾਤਰੀਆਂ ਨੂੰ ਪ੍ਰਵਾਨਗੀ ਪੱਤਰ ਵੰਡੇ ਗਏ। ਵਿਧਾਇਕ ਨੇ ਸੀਵਰੇਜ ਬੋਰਡ ਵੱਲੋਂ ਨਗਰ ਕੌਂਸਲ ਸਮਰਾਲਾ ਨੂੰ ਭੇਜੀਆਂ ਗਈਆਂ 4 ਨਵੀਆਂ ਆਧੁਨਿਕ ਮਸ਼ੀਨਾਂ ਦਾ ਵੀ ਉਦਘਾਟਨ ਕੀਤਾ। ਉਨਾ ਦੱਸਿਆ ਕਿ ਅੱਜ ਸ਼ਹਿਰ ਦੇ ਸੀਵਰੇਜ ਦੀ ਸਫਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਆਧੁਨਿਕ ਐਮਰੇ ਵਾਲੀਆਂ ਮਸ਼ੀਨਾਂ ਮੰਗਵਾ ਕੇ ਨਗਰ ਕੌਂਸਲ ਨੂੰ ਦਿੱਤੀ ਗਈਆਂ ਨੇ, ਤਾਂ ਜੋ ਸੀਵਰੇਜ ਦੀ ਸਫਾਈ ਵਧੀਆ ਤਰੀਕੇ ਨਾਲ ਹੋ ਸਕੇ ।

---------------------------------------------------------------------------

ਮੌਸਮ ਵਿਭਾਗ (IMD) ਨੇ ਕੱਲ੍ਹ ਤੱਕ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦੀ ਸਥਿਤੀ ਲਈ ਆਰੈਂਟ ਅਲਰਟ ਜਾਰੀ ਕੀਤਾ ਏ। ਅਗਲੇ ਤਿੰਨ ਦਿਨਾਂ ਤੱਕ ਸੀਤ ਲਹਿਰ ਚੱਲਣ ਦੀ ਵੀ ਸੰਭਾਵਨਾ ਏ।

---

- ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ - ਮਨਰੇਗਾ ਭ੍ਰਿਸ਼ਟਾਚਾਰ ਦਾ ਦੂਜਾ ਨਾਂ ਬਣ ਗਿਆ ਸੀ, ਜਿੱਥੇ ਮਜ਼ਦੂਰਾਂ ਦਾ ਅਕਸਰ ਸ਼ੋਸ਼ਣ ਕੀਤਾ ਜਾਂਦਾ ਸੀ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ - 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਹੁਣ ਤੱਕ ਕਰੀਬ 20 ਹਜ਼ਾਰ ਨੌਜਵਾਨਾਂ ਨੂੰ ਨਸ਼ਿਆਂ ਦੀ ਗ੍ਰਿਫ਼ਤ ਤੋਂ ਮੁਕਤ ਕਰਵਾਇਆ ਗਿਆ ਏ ।

- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁੰਮ ਹੋਏ 328 ਪਾਵਨ ਸਰੂਪਾਂ ਦੇ ਮਾਮਲੇ ਵਿਚ, ਵਿਸ਼ੇਸ਼ ਜਾਂਚ ਟੀਮ ਨੇ ਦੋ ਵਿਅਕਤੀਆਂ ਨੂੰ ਕੀਤਾ ਗ੍ਰਿਫ਼ਤਾਰ ।

- ਸਮਾਣਾ ਪੁਲਿਸ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਿੰਡ ਮੁਰਾਦਪੁਰ ਵਿਚ ਦੋ ਨਸ਼ਾ ਤਸਕਰਾਂ ਵੱਲੋਂ ਨਜਾਇਜ਼ ਉਸਾਰੀ ਨੂੰ ਢਾਹਿਆ ।

-----------------------------------------------------

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !